## ਜ਼ਮੀਨਦੋਜ਼ ਪਾਣੀ ਦੀ ਪਵਿੱਤਰਤਾ ਕਾਇਮ ਰੱਖਣਾ ਹਰੇਕ ਨਾਗਰਿਕ ਦਾ ਨੈਤਿਕ ਫ਼ਰਜ਼ – ਪੰਨੂੰ

**ਪਟਿਆਲਾ (13 ਫਰਵਰੀ):** ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਪਾਣੀ ਅਤੇ ਹਵਾ ਦੀ ਕੁਆਲਿਟੀ ਨੂੰ ਲੈ ਕੇ ਗੰਭੀਰਤਾ ਨਾਲ ਕੰਮ ਕਰ ਰਿਹਾ ਹੈ। ਇਸੇ ਲੜੀ ਵਿੱਚ ਬੋਰਡ ਨੇ ਇਹ ਫੈਸਲਾ ਕੀਤਾ ਹੈ ਕਿ ਕਿਸੇ ਵੀ ਵਿਅਕਤੀ ਜਾਂ ਸੰਸਥਾ ਵੱਲੋਂ ਉਦਯੋਗਿਕ ਜ਼ਹਿਰੀਲਾ ਪਾਣੀ ਧਰਤੀ ਹੇਠਾਂ ਬੋਰਾਂ ਰਾਹੀਂ ਪਾਉਣ ਨੂੰ ਹੋਰ ਮੁਸਤੈਦੀ ਨਾਲ ਪੂਰੀ ਤਰ੍ਹਾਂ ਰੋਕਿਆ ਜਾਵੇ।

ਬੋਰਡ ਨੇ ਪਾਇਆ ਹੈ ਕਿ ਭਾਵੇ ਕਿ ਬੋਰਡ ਦੀਆਂ ਟੀਮਾਂ ਦੇ ਨਿਰੀਖਣਾਂ ਦੌਰਾਨ ਇਸ ਤਰ੍ਹਾਂ ਦੀਆਂ ਘਟਨਾਵਾਂ ਘੱਟ ਹੀ ਮਿਲਦੀਆ ਹਨ, ਪਰ ਫਿਰ ਵੀ ਬੋਰਡ ਨੇ ਅਜਿਹੀਆਂ ਕਾਲੀਆਂ ਭੇਡਾਂ ਤੇ ਨਜਰ ਰੱਖਣ ਲਈ ਕਿਸੇ ਵੀ ਅਜਿਹੇ ਵਿਅਕਤੀ/ਸੰਸਥਾ ਨੂੰ ਇੱਕ ਲੱਖ ਰੁਪਏ ਦਾ ਨਕਦ ਇਨਾਮ ਦੇਣ ਦਾ ਫ਼ੈਸਲਾ ਲਿਆ ਹੈ, ਜੋ ਬੋਰਡ ਨੂੰ ਸਹੀ ਸੂਚਨਾਂ ਪ੍ਰਦਾਨ ਕਰੇਗਾ ਕਿ ਕਿਸੇ ਖਾਸ ਉਦਯੋਗ ਵੱਲੋਂ ਆਪਣੀ ਚਾਰਦੀਵਾਰੀ ਦੇ ਅੰਦਰ ਜਾਂ ਕਿਸੇ ਹੋਰ ਥਾਂ ਤੇ ਬੋਰਵੈੱਲ ਰਾਹੀਂ ਆਪਣਾ ਅਣਸੋਧਿਆ ਪਾਣੀ ਧਰਤੀ ਹੇਠਲੇ ਪਾਣੀ ਨਾਲ ਮਿਲਾਇਆ ਜਾ ਰਿਹਾ ਹੈ ਅਤੇ ਸੂਚਨਾ ਦੇਣ ਵਾਲੇ ਵਿਅਕਤੀ/ਸੰਸਥਾ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਬੋਰਡ ਦੇ ਚੇਅਰਮੈਨ ਸ੍ਰੀ ਕਾਹਨ ਸਿੰਘ ਪੰਨੂੰ ਨੇ ਦੱਸਿਆ ਕਿ ਧਰਤੀ ਹੇਠਲਾ ਪਾਣੀ ਕੁਦਰਤ ਦੀ ਵੱਡੀ ਨਿਆਮਤ ਹੈ ਜਿਸ ਤੇ ਸਮੁੱਚੀ ਕਾਇਨਾਤ ਨਿਰਭਰ ਕਰਦੀ ਹੈ ਇਸ ਦੀ ਪਵਿੱਤਰਤਾ ਕਾਇਮ ਰੱਖਣਾ ਹਰੇਕ ਨਾਗਰਿਕ ਦਾ ਨੈਤਿਕ ਫ਼ਰਜ਼ ਹੈ। ਉਹਨਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਇਸ ਸਮੱਸਿਆ ਬਾਰੇ ਸੰਵੇਦਨਤਾ ਅਪਣਾਉਂਦਿਆਂ ਜੇਕਰ ਉਹਨਾਂ ਨੂੰ ਪਤਾ ਚਲਦਾ ਹੈ ਕਿ ਕਿਸੇ ਉਦਯੋਗ ਵੱਲੋਂ ਜ਼ਹਿਰੀਲਾ ਪਾਣੀ ਬੋਰ ਕਰਕੇ ਧਰਤੀ ਵਿੱਚ ਸੁੱਟਿਆ ਜਾ ਰਿਹਾ ਹੈ ਤਾਂ ਉਹ ਇਸ ਬਾਰੇ ਸੂਚਨਾ ਬੋਰਡ ਦੇ ਮੋਬਾਇਲ ਨੰਬਰ 98789-50593 ਤੇ ਜਾਂ ਚਿੱਠੀ ਲਿਖ ਕੇ ਜਾਂ ਈਮੇਲ (ppcbgw@gmail.com) ਰਾਹੀਂ ਦੇਣ ਤਾਂ ਜੋ ਬੋਰਡ ਵੱਲੋਂ ਇਸ ਸਬੰਧੀ ਜ਼ਰੂਰੀ ਕਾਰਵਾਈ ਕੀਤੀ ਜਾ ਸਕੇ।